ਪ੍ਰਭਾਤੀ ਮਹਲਾ ੧ ॥ ਸੰਤਾ ਕੀ ਰੇਣੁ ਸਾਧ ਜਨ ਸੰਗਤਿ ਹਰਿ ਕੀਰਤਿ ਤਰੁ ਤਾਰੀ ॥ ਕਹਾ ਕਰੈ ਬਪੁਰਾ ਜਮੁ ਡਰਪੈ ਗੁਰਮੁਖਿ ਰਿਦੈ ਮੁਰਾਰੀ ॥੧॥ ਜਲਿ ਜਾਉ ਜੀਵਨੁ ਨਾਮ ਬਿਨਾ ॥ ਹਰਿ ਜਪਿ ਜਾਪੁ ਜਪਉ ਜਪਮਾਲੀ ਗੁਰਮੁਖਿ ਆਵੈ ਸਾਦੁ ਮਨਾ ॥ ੧॥ ਰਹਾਉ ॥ ਗੁਰ ਉਪਦੇਸ ਸਾਚੁ ਸੁਖੁ ਜਾ ਕਉ ਕਿਆ ਤਿਸੁ ਉਪਮਾ ਕਹੀਐ ॥ ਲਾਲ ਜਵੇਹਰ ਰਤਨ ਪਦਾਰਥ ਖੋਜਤ ਗੁਰਮੁਖਿ ਲਹੀਐ ॥ ੨॥ ਚੀਨੈ ਗਿਆਨੁ ਧਿਆਨੁ ਧਨੁ ਸਾਚੌ ਏਕ ਸਬਦਿ ਲਿਵ ਲਾਵੈ ॥ ਨਿਰਾਲੰਬੁ ਨਿਰਹਾਰੁ ਨਿਹਕੇਵਲੁ ਨਿਰਭਉ ਤਾੜੀ ਲਾਵੈ ॥੩॥ ਸਾਇਰ ਸਪਤ ਭਰੇ ਜਲ ਨਿਰਮਲਿ ਉਲਟੀ ਨਾਵ ਤਰਾਵੈ ॥ ਬਾਹਰਿ ਜਾਤੌ ਠਾਕਿ ਰਹਾਵੈ ਗੁਰਮੁਖਿ ਸਹਜਿ ਸਮਾਵੈ ॥ ੪॥ ਸੋ ਗਿਰਹੀ ਸੋ ਦਾਸੁ ਉਦਾਸੀ ਜਿਨਿ ਗੁਰਮੁਖਿ ਆਪੁ ਪਛਾਨਿਆ ॥ ਨਾਨਕੁ ਕਹੈ ਅਵਰੁ ਨਹੀ ਦੂਜਾ ਸਾਚ ਸਬਦਿ ਮਨੁ ਮਾਨਿਆ ॥ ੫॥੧੭॥ {ਪੰਨਾ 1332}

ਪਦ ਅਰਥ:- ਰੇਣੁ—ਚਰਨ-ਧੂੜ। ਕੀਰਤਿ—ਸਿਫ਼ਤਿ-ਸਾਲਾਹ। ਤਰੁ ਤਾਰੀ—ਤਾਰੀ ਤਰ, (ਪਾਰ ਲੰਘਣ ਵਾਸਤੇ) ਇਹ ਤਾਰੀ ਲਾ। ਕਹਾ ਕਰੈ—ਕੀਹ ਕਰ ਸਕਦਾ ਹੈ? ਕੁਝ ਵਿਗਾੜ ਨਹੀਂ ਸਕਦਾ। ਬਪੁਰਾ—ਵਿਚਾਰਾ। ਡਰਪੈ—ਡਰਦਾ ਹੈ। ਰਿਦੈ—ਹਿਰਦੇ ਵਿਚ। ਮੁਰਾਰੀ—ਪਰਮਾਤਮਾ।1।

ਜਲਿ ਜਾਉ—ਸੜ ਜਾਏ। ਜਪਉ—ਮੈਂ ਜਪਦਾ ਹਾਂ। ਜਪਮਾਲੀ—ਮਾਲਾ। ਸਾਦੁ—ਸੁਆਦ, ਰਸ। ਮਨਾ—ਹੇ ਮਨ!।1।

ਗੁਰ ਉਪਦੇਸ ਸੁਖੁ—ਗੁਰੂ ਦੇ ਉਪਦੇਸ਼ ਦਾ ਆਨੰਦ। ਜਾ ਕਉ—ਜਿਸ (ਮਨੁੱਖ) ਨੂੰ। ਉਪਮਾ—ਵਡਿਆਈ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ।2।

ਚੀਨੈ—ਪਛਾਣਦਾ ਹੈ ਸਮਝਦਾ ਹੈ। ਗਿਆਨੁ—(ਪਰਮਾਤਮਾ ਨਾਲ) ਡੂੰਘੀ ਸਾਂਝ। ਸਾਚੌ—ਸਦਾ ਕਾਇਮ ਰਹਿਣ ਵਾਲਾ। ਸਬਦਿ—ਸ਼ਬਦ ਵਿਚ। ਨਿਰਾਲੰਬੁ—(ਨਿਰ-ਆਲੰਬੁ) ਜਿਸ ਨੂੰ ਕਿਸੇ ਹੋਰ ਆਸਰੇ ਦੀ ਲੋੜ ਨਹੀਂ। ਨਿਰਹਾਰੁ—(ਨਿਰ-ਆਹਾਰੁ) ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ। ਨਿਹਕੇਵਲੁ—ਜਿਸ ਨੂੰ ਕੋਈ ਵਾਸਨਾ ਪੋਹ ਨਹੀਂ ਸਕਦੀ। ਤਾੜੀ ਲਾਵੈ—ਆਪਣੀ ਸੁਰਤਿ ਵਿਚ ਟਿਕਾਂਦਾ ਹੈ।3।

ਸਾਇਰ—ਸਮੁੰਦਰ, ਸਾਗਰ। ਸਪਤ—ਸੱਤ। ਸਾਇਰ ਸਪਤ—ਸੱਤ ਸਮੁੰਦਰ, ਸੱਤ ਸਰੋਵਰ (ਪੰਜ ਗਿਆਨ-ਇੰਦ੍ਰੇ, ਮਨ ਅਤੇ ਬੁਧਿ)। ਜਲ ਨਿਰਮਲਿ—ਨਿਰਮਲ ਜਲ ਨਾਲ। ਉਲਟੀ—ਮਾਇਆ ਵਲੋਂ ਪਰਤਾਈ ਹੋਈ। ਨਾਵ—ਬੇੜੀ, ਜੀਵਨ-ਬੇੜੀ। ਜਾਤੌ—ਜਾਂਦਾ। ਠਾਕਿ—ਵਰਜ ਕੇ। ਸਹਜਿ—ਸਹਜ (ਅਵਸਥਾ) ਵਿਚ।4।

ਗਿਰਹੀ—ਗ੍ਰਿਹਸਤੀ। ਉਦਾਸੀ—ਵਿਰਕਤ। ਜਿਨਿ—ਜਿਸ ਨੇ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਆਪੁ—ਆਪਣੇ ਆਪ ਨੂੰ। ਸਬਦਿ—ਸ਼ਬਦ ਵਿਚ।5।

ਅਰਥ:- ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਮਨੁੱਖ ਦਾ) ਜੀਵਨ (ਵਿਕਾਰਾਂ ਦੀ ਅੱਗ ਵਿਚ ਸੜਦਾ ਹੈ ਤਾਂ) ਪਿਆ ਸੜੇ (ਸਿਮਰਨ ਤੋਂ ਬਿਨਾ ਕੋਈ ਹੋਰ ਉੱਦਮ ਇਸ ਨੂੰ ਸੜਨ ਤੋਂ ਬਚਾ ਨਹੀਂ ਸਕਦਾ)। (ਇਸ ਵਾਸਤੇ) ਹੇ (ਮੇਰੇ) ਮਨ! ਮੈਂ ਪਰਮਾਤਮਾ ਦਾ ਨਾਮ ਜਪ ਕੇ ਜਪਦਾ ਹਾਂ (ਭਾਵ, ਮੁੜ ਮੁੜ ਪਰਮਾਤਮਾ ਦਾ ਨਾਮ ਹੀ ਜਪਦਾ ਹਾਂ), ਮੈਂ ਪਰਮਾਤਮਾ ਦੇ ਜਾਪ ਨੂੰ ਹੀ ਮਾਲਾ (ਬਣਾ ਲਿਆ ਹੈ)। ਗੁਰੂ ਦੀ ਸਰਨ ਪੈ ਕੇ (ਜਪਿਆਂ ਇਸ ਜਾਪ ਦਾ) ਆਨੰਦ ਆਉਂਦਾ ਹੈ।1। ਰਹਾਉ।

(ਹੇ ਮੇਰੇ ਮਨ!) ਸੰਤ ਜਨਾਂ ਦੀ ਚਰਨ-ਧੂੜ (ਆਪਣੇ ਮੱਥੇ ਤੇ ਲਾ), ਸਾਧ ਜਨਾਂ ਦੀ ਸੰਗਤਿ ਕਰ, (ਸਤਸੰਗ ਵਿਚ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ (ਸੰਸਾਰ ਸਮੁੰਦਰ ਦੀਆਂ ਲਹਿਰਾਂ ਵਿਚੋਂ ਪਾਰ ਲੰਘਣ ਲਈ ਇਹ) ਤਾਰੀ

ਲਾ। ਗੁਰੂ ਦੀ ਸਰਨ ਪੈ ਕੇ (ਜਿਸ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ (ਆ ਵੱਸਦਾ) ਹੈ, ਵਿਚਾਰਾ ਜਮਰਾਜ (ਭੀ) ਉਸਦਾ ਕੁਝ ਵਿਗਾੜ ਨਹੀਂ ਸਕਦਾ, ਸਗੋਂ ਜਮਰਾਜ (ਉਸ ਪਾਸੋਂ) ਡਰਦਾ ਹੈ।1।

ਜਿਸ ਮਨੁੱਖ ਨੂੰ ਸਤਿਗੁਰੂ ਦੇ ਉਪਦੇਸ਼ ਦਾ ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਆ ਜਾਂਦਾ ਹੈ, ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਗੁਰੂ ਦੇ ਉਪਦੇਸ਼ ਵਿਚੋਂ) ਖੋਜਦਾ ਖੋਜਦਾ ਲਾਲ ਹੀਰੇ ਰਤਨ (ਆਦਿਕ ਪਦਾਰਥਾਂ ਵਰਗੇ ਕੀਮਤੀ ਆਤਮਕ ਗੁਣ) ਹਾਸਲ ਕਰ ਲੈਂਦਾ ਹੈ।2।

ਜੇਹੜਾ ਮਨੁੱਖ ਇਕ (ਪ੍ਰਭੂ ਦੀ ਸਿਫ਼ਤਿ) ਦੇ ਸ਼ਬਦ ਵਿਚ ਸੁਰਤਿ ਜੋੜਦਾ ਹੈ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾਣੀ ਸਮਝ ਲੈਂਦਾ ਹੈ, ਪਰਮਾਤਮਾ ਵਿਚ ਜੁੜੀ ਸੁਰਤਿ ਉਸ ਦਾ ਸਦਾ-ਥਿਰ ਧਨ ਬਣ ਜਾਂਦਾ ਹੈ। ਉਹ ਮਨੁੱਖ ਆਪਣੀ ਸੁਰਤਿ ਵਿਚ ਉਸ ਪਰਮਾਤਮਾ ਨੂੰ ਟਿਕਾ ਲੈਂਦਾ ਹੈ ਜਿਸ ਨੂੰ ਕਿਸੇ ਹੋਰ ਆਸਰੇ ਦੀ ਲੋੜ ਨਹੀਂ ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ਜਿਸ ਨੂੰ ਕੋਈ ਵਾਸਨਾ ਪੋਹ ਨਹੀਂ ਸਕਦੀ।3।

(ਪੰਜੇ ਗਿਆਨ-ਇੰਦ੍ਰੇ, ਮਨ ਅਤੇ ਬੁਧਿ ਇਹ ਸੱਤੇ ਹੀ ਮਾਨੋ, ਚਸ਼ਮੇ ਹਨ ਜਿਨ੍ਹਾਂ ਤੋਂ ਹਰੇਕ ਇਨਸਾਨ ਨੂੰ ਆਤਮਕ ਜੀਵਨ ਦੀ ਪ੍ਰਫੁੱਲਤਾ ਵਾਸਤੇ ਚੰਗੀ ਮੰਦੀ ਪ੍ਰੇਰਨਾ ਦਾ ਪਾਣੀ ਮਿਲਦਾ ਰਹਿੰਦਾ ਹੈ) ਜਿਸ ਮਨੁੱਖ ਦੇ ਇਹ ਸੱਤੇ ਹੀ ਸਰੋਵਰ ਨਾਮ-ਸਿਮਰਨ ਦੇ ਪਵਿਤ੍ਰ ਜਲ ਨਾਲ ਭਰੇ ਰਹਿੰਦੇ ਹਨ (ਉਸ ਨੂੰ ਇਹਨਾਂ ਤੋਂ ਪਵਿੱਤ੍ਰ ਪ੍ਰੇਰਨਾ ਦਾ ਜਲ ਮਿਲਦਾ ਹੈ ਤੇ) ਉਹ ਵਿਕਾਰਾਂ ਵਲੋਂ ਉਲਟਾ ਕੇ ਆਪਣੀ ਜਿੰਦਗੀ ਦੀ ਬੇੜੀ ਨਾਮ-ਜਲ ਵਿਚ ਤਰਾਂਦਾ ਹੈ। (ਨਾਮ ਦੀ ਬਰਕਤਿ ਨਾਲ) ਉਹ ਬਾਹਰ ਭਟਕਦੇ ਮਨ ਨੂੰ ਰੋਕ ਰੱਖਦਾ ਹੈ, ਤੇ ਗੁਰੂ ਦੀ ਸਰਨ ਪੈ ਕੇ ਅਡੋਲ ਅਵਸਥਾ ਵਿਚ ਲੀਨ ਰਹਿੰਦਾ ਹੈ।4।

(ਜੇ ਮਨ ਵਿਕਾਰਾਂ ਵਲ ਭਟਕਦਾ ਹੀ ਰਹੇ ਤਾਂ ਗ੍ਰਿਹਸਤੀ ਜਾਂ ਵਿਰਕਤ ਅਖਵਾਣ ਵਿਚ ਕੋਈ ਫ਼ਰਕ ਨਹੀਂ ਪੈਂਦਾ) ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਪਣੇ ਆਪ ਨੂੰ ਪਛਾਣ ਲਿਆ ਹੈ ਉਹੀ (ਅਸਲ) ਗ੍ਰਿਹਸਤੀ ਹੈ ਤੇ ਉਹੀ (ਪ੍ਰਭੂ ਦਾ) ਸੇਵਕ ਵਿਰਕਤ ਹੈ।

ਨਾਨਕ ਆਖਦਾ ਹੈ ਜਿਸ ਮਨੁੱਖ ਦਾ ਮਨ ਸਦਾ-ਥਿਰ ਰਹਿਣ ਵਾਸਤੇ ਪਰਮਾਤਮਾ (ਦੀ ਸਿਫ਼ਤਿ-ਸਾਲਾਹ) ਦੇ ਸ਼ਬਦ ਵਿਚ ਗਿੱਝ ਜਾਂਦਾ ਹੈ, ਉਸ ਨੂੰ ਪ੍ਰਭੂ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਦੂਜਾ ਨਹੀਂ ਦਿੱਸਦਾ।5। 17।